# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 09 ਅਕਤੂਬਰ 2026 ਦਿਨ ਸ਼ੁੱਕਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਗੁਰਲੀਨ ਕੇ. ਚਾਹਲ ਵੱਲੋਂ ਸਰੀ ਸਕੂਲ ਟਰੱਸਟੀ ਲਈ ਚੋਣ ਮੁਹਿੰਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 9 ਅਕਤੂਬਰ : ਸਰੀ ਸਕੂਲ ਟਰੱਸਟੀ ਦੀ ਚੋਣ ਲਈ 19 ਵਰ੍ਹਿਆਂ ਦੀ ਉਮੀਦਵਾਰ ਗੁਰਲੀਨ ਕੇ. ਚਾਹਲ ਵੱਲੋਂ ਵਿਦਿਆਰਥੀਆਂ ਲਈ ਸੁਰੱਖਿਅਤ, ਸਿਹਤਮੰਦ ਅਤੇ ਬਿਹਤਰ ਸਿੱਖਿਆ ਵਾਲਾ ਮਾਹੌਲ ਸਿਰਜਣ ਨੂੰ ਮੁੱਖ ਤਰਜੀਹ ਦਿੰਦਿਆਂ ਚੋਣ ਮੁਹਿੰਮ ਚਲਾਈ ਜਾ ਰਹੀ ਹੈ। ਉਹ SOGI ਵਰਗੇ ਗੰਭੀਰ ਮਸਲਿਆਂ ਸਮੇਤ ਵਿਦਿਆਰਥੀਆਂ ਦੀ ਭਲਾਈ, ਸਨਮਾਨ ਅਤੇ ਸਮਾਵੇਸ਼ੀ ਸਕੂਲੀ ਵਾਤਾਵਰਣ 'ਤੇ ਜ਼ੋਰ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਬੱਚਿਆਂ ਦੇ ਦਿਮਾਗ਼ ਅਜੇ ਪੂਰੀ ਤਰ੍ਹਾਂ ਵਿਕਸਤ ਨਹੀਂ ਹੁੰਦੇ, ਇਸ ਲਈ ਸਕੂਲਾਂ ਵਿੱਚ ਦਿਆਲਤਾ, ਦੋਸਤੀ ਅਤੇ ਐਂਟੀ-ਬੁਲਿੰਗ ਵਰਗੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨਾ ਜ਼ਰੂਰੀ ਹੈ। ਇਸ ਦੇ ਨਾਲ ਅਕਾਦਮਿਕ ਪਾਠਕ੍ਰਮ ਦਾ ਵਿਸਥਾਰ ਵੀ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ।

ਗੁਰਲੀਨ ਚਾਹਲ ਨੇ ਨਸ਼ਿਆਂ ਅਤੇ ਗੈਂਗ ਹਿੰਸਾ ਨਾਲ ਨਜਿੱਠਣ ਲਈ ਨੌਜਵਾਨਾਂ ਦੀ ਸਿੱਖਿਆ ਨੂੰ ਵਧਾਉਣ ਅਤੇ ਸਮੱਸਿਆਵਾਂ ਦੇ ਮੂਲ ਕਾਰਨਾਂ 'ਤੇ ਲੰਬੇ ਸਮੇਂ ਦੀ ਰਣਨੀਤੀ ਤਹਿਤ ਕੰਮ ਕਰਨ ਦੀ ਗੱਲ ਕੀਤੀ ਹੈ। ਉਨ੍ਹਾਂ ਵਧੇਰੇ ਸਿੱਖਿਆ ਸਹਾਇਕਾਂ ਤੇ ਕਾਊਂਸਲਰਾਂ, ਰਚਨਾਤਮਕ ਕਲਾਵਾਂ ਦੇ ਵਿਸਥਾਰ ਅਤੇ ਵਧਦੀ ਆਬਾਦੀ ਦੇ ਮੱਦੇਨਜ਼ਰ ਨਵੇਂ ਸਕੂਲਾਂ ਤੇ ਬਿਹਤਰ ਬੁਨਿਆਦੀ ਢਾਂਚੇ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਹੈ।

## ਪੀ.ਏ.ਯੂ. ਵਿਚ ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਦੇ ਕਲੱਬ ਦੀ ਮੀਟਿੰਗ ਆਯੋਜਿਤ ਕੀਤੀ ਗਈ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 09 ਅਕਤੂਬਰ : ਅੱਜ ਪੀ.ਏ.ਯੂ. ਦੇ ਡਾ. ਮਨਮੋਹਨ ਸਿੰਘ ਬਹੁਮੰਤਵੀ ਹਾਲ ਵਿਖੇ ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਦੀ ਮੀਟਿੰਗ ਆਯੋਜਿਤ ਕੀਤੀ ਗਈ| ਇਸ ਪ੍ਰੋਗਰਾਮ ਦੇ ਨਿਰਦੇਸ਼ਕ ਅਤੇ ਪੀ.ਏ.ਯੂ. ਦੇ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਮੌਜੂਦਾ ਦੌਰ ਵਿਚ ਜੈਵਿਕ ਖੇਤੀ ਦੀਆਂ ਸੰਭਾਵਨਾਵਾਂ ਬਾਰੇ ਗੱਲ ਕਰਦਿਆਂ ਕਿਸਾਨਾਂ ਨੂੰ ਇਸ ਖੇਤਰ ਨਾਲ ਜੁੜਨ ਲਈ ਕਿਹਾ| ਨਾਲ ਹੀ ਉਹਨਾਂ ਨੇ ਪੀ.ਏ.ਯੂ. ਵੱਲੋਂ ਜੈਵਿਕ ਖੇਤੀ ਬਾਰੇ ਪ੍ਰਕਾਸ਼ਿਤ ਕੀਤੇ ਸਾਹਿਤ ਨਾਲ ਜੁੜਨ ਦੀ ਅਪੀਲ ਵੀ ਕੀਤੀ|

ਪੀ.ਏ.ਯੂ. ਦੇ ਸਾਬਕਾ ਡੀਨ ਖੇਤੀਬਾੜੀ ਕਾਲਜ ਅਤੇ ਚੰਡੀਗੜ ਦੇ ਮਹਾਤਮਾ ਗਾਂਧੀ ਵਾਤਾਵਰਨ ਅਤੇ ਜਲਵਾਯੂ ਤਬਦੀਲੀ ਬਾਰੇ ਰਾਜ ਸੰਸਥਾਨ ਚੰਡੀਗੜ ਦੇ ਆਗੂ ਡਾ. ਸੁਰਿੰਦਰ ਸਿੰਘ ਕੁੱਕਲ ਨੇ ਆਪਣੇ ਭਾਸ਼ਣ ਵਿਚ ਪਾਣੀ ਦੀ ਸੰਭਾਲ ਸੰਬੰਧੀ ਨੁਕਤੇ ਸਾਂਝੇ ਕੀਤੇ| ਉਹਨਾਂ ਕਿਹਾ ਕਿ ਵਾਤਾਵਰਨ ਦੇ ਕੀਮਤੀ ਸਰੋਤਾਂ ਵਿੱਚੋਂ ਪਾਣੀ ਧਰਤੀ ਦਾ ਅਨਮੋਲ ਗਹਿਣਾ ਹੈ ਅਤੇ ਇਸਨੂੰ ਦੂਸ਼ਿਤ ਹੋਣ ਤੋਂ ਬਚਾਅ ਕੇ ਸੰਜਮ ਨਾਲ ਵਰਤ ਕੇ ਇਸ ਧਰੋਹਰ ਦੀ ਰਖਵਾਲੀ ਕੀਤੀ ਜਾ ਸਕਦੀ ਹੈ|

ਹਾਜ਼ਰ ਮਾਹਿਰਾਂ ਵਿਚ ਜੈਵਿਕ ਖੇਤੀ ਸਕੂਲ ਦੇ ਨਿਰਦੇਸ਼ਕ ਡਾ. ਸੋਹਨ ਸਿੰਘ ਵਾਲੀਆ ਨੇ ਕਿਸਾਨਾਂ ਨੂੰ ਕਿਹਾ ਕਿ ਵਾਤਾਵਰਨ ਦੀ ਸੰਭਾਲ ਲਈ ਰਸਾਇਣਾਂ ਤੋਂ ਮੁਕਤ ਇਸ ਖੇਤੀ ਵਿਧੀ ਨਾਲ ਜੁੜ ਕੇ ਲਗਾਤਾਰ ਮੁਨਾਫੇ ਦਾ ਰਾਹ ਅਪਨਾਉਣ| ਹਰੇ ਚਾਰੇ ਦੀ ਜੈਵਿਕ ਕਾਸ਼ਤ ਬਾਰੇ ਡਾ. ਰਾਹੁਲ ਕਪੂਰ ਨੇ ਅਤੇ ਦਾਲਾਂ ਤੋਂ ਕਈ ਮਠਿਆਈਆਂ ਬਨਾਉਣ ਬਾਰੇ ਡਾ. ਮੋਨਿਕਾ ਚੌਧਰੀ ਨੇ ਆਪਣੇ ਭਾਸ਼ਣ ਦਿੱਤੇ| ਔਸ਼ਧੀ ਅਤੇ ਦਵਾਈਆਂ ਬਾਰੇ ਬੂਟਿਆਂ ਦੀ ਕਾਸ਼ਤ ਬਾਰੇ ਡਾ. ਰਜਿੰਦਰ ਕੁਮਾਰ ਨੇ ਅਤੇ ਦਾਲਾਂ ਦੇ ਮੰਡੀਕਰਨ ਸੰਬੰਧੀ ਅਗਾਂਹਵਧੂ ਕਿਸਾਨ ਸ. ਅਮਨਦੀਪ ਸਿੰਘ ਨੇ ਆਪਣੇ ਵਿਚਾਰ ਰੱਖੇ|

ਕਲੱਬ ਦੇ ਮੈਂਬਰ ਸ਼੍ਰੀ ਮਨਪ੍ਰੀਤ ਗਰੇਵਾਲ ਨੇ ਹਾਜ਼ਰ ਕਿਸਾਨਾਂ ਅਤੇ ਮਾਹਿਰਾਂ ਦਾ ਸਵਾਗਤ ਕੀਤਾ ਜਦਕਿ ਕਲੱਬ ਦੇ ਪ੍ਰਧਾਨ ਸ਼੍ਰੀ ਅੰਮ੍ਰਿਤ ਸਿੰਘ ਚਾਹਲ ਨੇ ਆਖਿਰ ਵਿਚ ਧੰਨਵਾਦ ਦੀ ਰਸਮ ਨਿਭਾਈ| ਇਸ ਪ੍ਰੋਗਰਾਮ ਦੇ ਕੁਆਰਡੀਨੇਟਰ ਸ਼੍ਰੀ ਵਰਿੰਦਰ ਸਿੰਘ ਸਨ|

## ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2026 ਦੇ ਸਰਵੋਤਮ ਹਿੰਦੀ ਤੇ ਉਰਦੂ ਪੁਸਤਕ ਪੁਰਸਕਾਰਾਂ ਦਾ ਐਲਾਨ

### ਵੱਖ ਵੱਖ ਵੰਨਗੀਆਂ ਦੀਆਂ 07 ਸਰਵੋਤਮ ਪੁਸਤਕਾਂ ਨੂੰ ਪੰਜਾਬੀ ਮਾਹ ਦੌਰਾਨ ਪ੍ਰਦਾਨ ਕੀਤੇ ਜਾਣਗੇ ਪੁਰਸਕਾਰ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 09 ਅਕਤੂਬਰ: ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ, ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਭਾਸ਼ਾ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਵਿਭਾਗ ਵੱਲੋਂ ਸਰਵੋਤਮ ਹਿੰਦੀ ਅਤੇ ਉਰਦੂ ਪੁਸਤਕ ਪੁਰਸਕਾਰਾਂ (2026) ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ, ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2026 ਦੇ ਪੰਜਾਬੀ ਮਾਹ ਦੇ ਰਾਜ ਪੱਧਰੀ ਸਮਾਪਨ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ (2025) ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਹਿੰਦੀ ਤੇ ਉਰਦੂ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ।

ਇਸ ਪੁਰਸਕਾਰ 'ਚ ਇਨਾਮੀ ਰਾਸ਼ੀ 31,000/- ਦੇ ਨਾਲ-ਨਾਲ ਇਕ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਇਹ ਪੁਰਸਕਾਰ ਸਾਲ 2025 'ਚ ਛਪੀਆਂ ਹਿੰਦੀ ਤੇ ਉਰਦੂ ਭਾਸ਼ਾ ਦੀਆਂ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 07 ਸਰਵੋਤਮ ਹਿੰਦੀ ਤੇ ਉਰਦੂ ਪੁਸਤਕਾਂ ਨੂੰ ਦਿੱਤੇ ਜਾਣਗੇ।

ਅੱਜ ਐਲਾਨੇ ਗਏ ਨਤੀਜਿਆਂ ਤਹਿਤ ਸਰਵੋਤਮ ਹਿੰਦੀ ਪੁਸਤਕ ਪੁਰਸਕਾਰਾਂ ਤਹਿਤ ਸੁਦਰਸ਼ਨ ਗਲਪ (ਨਾਵਲ/ਕਹਾਣੀ) ਪੁਰਸਕਾਰ, ਸ੍ਰੀ ਸੁਰੇਸ਼ ਹੰਸ ਦੀ ਪੁਸਤਕ "ਕਸਤੂਰੀ ਕੁੰਡਲ" ਨੂੰ, ਇੰਦਰਨਾਥ ਮਦਾਨ (ਆਲੋਚਨਾ/ਸੰਪਾਦਨ/ਗਿਆਨ/ਖੋਜ) ਪੁਰਸਕਾਰ ਡਾ. ਰਾਕੇਸ਼ ਪ੍ਰੇਮ ਦੀ ਪੁਸਤਕ 'ਕਥਾਸ਼ਿਲਪੀ ਪ੍ਰੇਮਚੰਦ' ਨੂੰ, ਬਾਬਾ ਫ਼ਤਹਿ ਸਿੰਘ (ਬਾਲ ਸਾਹਿਤ) ਪੁਰਸਕਾਰ ਡਾ. ਪੂਨਮ ਗੁਪਤਾ ਦੀ ਪੁਸਤਕ 'ਨੰਨ੍ਹੇ ਕਦਮ ਬੜੀ ਬਾਤੇਂ' ਨੂੰ, ਮੋਹਨ ਰਾਕੇਸ਼ ਪੁਰਸਕਾਰ (ਇਕਾਂਗੀ/ਨਾਟਕ) ਪ੍ਰੋ. ਕਸ਼ਮੀਰ ਲੂਨਾ ਦੀ ਪੁਸਤਕ "ਜਨਕ" ਨੂੰ ਪ੍ਰਦਾਨ ਕੀਤਾ ਜਾਵੇਗਾ। ਸਰਵੋਤਮ ਉਰਦੂ ਪੁਸਤਕ ਪੁਰਸਕਾਰ ਤਹਿਤ ਹਾਫ਼ਿਜ਼ ਮਹਿਮੂਦ ਸ਼ੀਰਾਨੀ (ਤਨਕੀਦ)-2025, ਡਾ. ਡਾ. ਸਾਲਿਕ ਜਮੀਲ ਬਰਾੜ ਦੀ ਪੁਸਤਕ 'ਉਰਦੂ ਮੇਂ ਅਦਬ-ਏ ਅਤਲਾਫ਼ ਕਾ ਮੰਜ਼ਰ- ਪਸ਼ੇ ਮੰਜ਼ਰ' ਨੂੰ, ਸਾਹਿਰ ਲੁਧਿਆਣਵੀਂ ਸ਼ਾਇਰੀ ਪੁਰਸਕਾਰ ਹਰਭਜਨ ਸਿੰਘ ਤਸੱਵਰ ਦੀ ਪੁਸਤਕ "ਮਨ ਕੀਸਤਮ ਮਨ ਨੀਸਤਮ" ਨੂੰ, ਕਨ੍ਹਈਆ ਲਾਲ ਪੁਰਸਕਾਰ ਨਸਰ (ਵਾਰਤਕ) ਮਲਕੀਤ ਸਿੰਘ ਮਛਾਣਾ ਦੀ ਪੁਸਤਕ "ਚੁਟਕੀਆਂ" ਨੂੰ ਪ੍ਰਦਾਨ ਕੀਤਾ ਜਾਵੇਗਾ।

ਸ. ਜਸਵੰਤ ਸਿੰਘ ਜ਼ਫ਼ਰ ਨੇ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਭਾਸ਼ਾਵਾਂ ਦੇ ਪ੍ਰਚਾਰ ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ। ਤਸਵੀਰ: ਸਰਵੋਤਮ ਹਿੰਦੀ ਉਰਦੂ ਪੁਸਤਕ ਪੁਰਸਕਾਰ ਜੇਤੂ ਪੁਸਤਕਾਂ ਦੇ ਸਰਵਰਕ

## ਬਸੰਤ ਮੋਟਰਜ਼ ਦੀ 35ਵੀਂ ਵਰ੍ਹੇਗੰਢ ਮੌਕੇ 35 ਹਜ਼ਾਰ ਡਾਲਰ ਦੀ ਸਕਾਲਰਸ਼ਿਪ ਵੰਡੀ

### 146 ਵਿਦਿਆਰਥੀਆਂ ਨੂੰ ਹੁਣ ਤੱਕ 3.60 ਲੱਖ ਡਾਲਰ ਦੇ ਵਜ਼ੀਫ਼ੇ ਦਿੱਤੇ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 9 ਅਕਤੂਬਰ : ਬਸੰਤ ਮੋਟਰਜ਼ ਸਰੀ ਵੱਲੋਂ ਆਪਣੀ 35ਵੀਂ ਵਰ੍ਹੇਗੰਢ ਮੌਕੇ ਸਲਾਨਾ ਸਕਾਲਰਸ਼ਿਪ ਵੰਡ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਭਾਈਚਾਰਿਆਂ ਨਾਲ ਸਬੰਧਤ ਹੋਣਹਾਰ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਲਈ 35 ਹਜਾਰ ਡਾਲਰ ਦੀ ਸਕਾਲਰਸ਼ਿਪ ਪ੍ਰਦਾਨ ਕੀਤੀ ਗਈ। ਬਸੰਤ ਮੋਟਰਜ਼ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਇਸ ਉਪਰਾਲੇ ਤਹਿਤ ਹੁਣ ਤੱਕ 146 ਵਿਦਿਆਰਥੀਆਂ ਨੂੰ 3 ਲੱਖ 60 ਹਜ਼ਾਰ ਡਾਲਰ ਦੇ ਵਜ਼ੀਫ਼ੇ ਦਿੱਤੇ ਜਾ ਚੁੱਕੇ ਹਨ।

ਵਿਦਆਰਥੀਆਂ ਨੂੰ ਸਕਾਲਰਸ਼ਿਪ ਵੰਡਣ ਦੀ ਰਸਮ ਅਦਾ ਕਰਦਿਆਂ ਸਾਬਕਾ ਪਾਕਿਸਤਾਨੀ ਐਮ.ਪੀ. ਰਾਏ ਅਜੀਜ਼ ਉਲਾ ਖਾਨ, ਰੇਡੀਓ ਹੋਸਟ ਹਰਜਿੰਦਰ ਸਿੰਘ ਥਿੰਦ, ਪ੍ਰੋ. ਕਸ਼ਮੀਰਾ ਸਿੰਘ, ਸੁੱਚਾ ਸਿੰਘ ਕਲੇਰ, ਬੀ.ਐਸ. ਘੁੰਮਣ, ਡਾ. ਸਟਾਲਨਜੀਤ ਸਿੰਘ ਗਿੱਲ, ਜਤਿੰਦਰ ਜੇ. ਮਿਨਹਾਸ ਅਤੇ ਰੇਡੀਓ ਹੋਸਟ ਵਿਜੇ ਸੈਣੀ ਵੱਲੋਂ ਨੇ ਵਿਦਿਆਰਥੀਆਂ ਨੂੰ ਦਿਲੀ ਮੁਬਾਰਕਬਾਦ ਦਿੱਤੀ।

ਇਸ ਮੌਕੇ ਹਾਜਰ ਪਤਵੰਤਿਆਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਧੰਨਵਾਦ ਕਰਦਿਆਂ ਬਲਦੇਵ ਸਿੰਘ ਬਾਠ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਭਾਵੁਕ ਵਿਅਕਤੀ ਮੰਨਦੇ ਹਨ ਅਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਪਰਿਵਾਰ, ਦੋਸਤਾਂ ਅਤੇ ਭਾਈਚਾਰੇ ਦੇ ਸਹਿਯੋਗ ਦੀ ਵੱਡੀ ਭੂਮਿਕਾ ਰਹੀ ਹੈ। ਉਨ੍ਹਾਂ ਕਿਹਾ ਕਿ ਮਨੁੱਖ ਆਪਣੀ ਜ਼ਿੰਦਗੀ ਵਿੱਚ ਜੋ ਕੁਝ ਹਾਸਲ ਕਰਦਾ ਹੈ, ਉਹ ਇਕੱਲਾ ਨਹੀਂ ਕਰਦਾ, ਸਗੋਂ ਉਸ ਪਿੱਛੇ ਪਰਿਵਾਰ ਅਤੇ ਸਮਾਜ ਦੀਆਂ ਅਨੇਕਾਂ ਦੁਆਵਾਂ ਅਤੇ ਸਹਿਯੋਗ ਹੁੰਦਾ ਹੈ। ਉਨ੍ਹਾਂ ਆਪਣੇ ਪਰਿਵਾਰ ਅਤੇ ਸਮਾਗਮ ਵਿੱਚ ਪੁੱਜੇ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਲਈ ਇਹ ਧਰਤੀ ਅਤੇ ਇੱਥੋਂ ਮਿਲਿਆ ਜੀਵਨ ਬਹੁਤ ਕੀਮਤੀ ਹੈ।

ਸ. ਬਾਠ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਖੁੱਲ੍ਹ ਕੇ ਜਿਊਣ ਅਤੇ ਇਸ ਨੂੰ ਦੂਜਿਆਂ ਨਾਲ ਸਾਂਝਾ ਕਰਨ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਮਨੁੱਖ ਕੋਲ ਜੇ ਪਿਆਰ ਹੈ ਤਾਂ ਉਹ ਪਿਆਰ ਹੀ ਵੰਡਦਾ ਹੈ ਅਤੇ ਜੇ ਉਸ ਕੋਲ ਗਿਆਨ ਤੇ ਤਜਰਬਾ ਹੈ ਤਾਂ ਉਹ ਵੀ ਦੂਜਿਆਂ ਨਾਲ ਸਾਂਝਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜ਼ਿੰਦਗੀ ਸਾਡੇ ਹੱਥ ਵਿੱਚ ਆਏ ਤਾਸ਼ ਦੇ 52 ਪੱਤਿਆਂ ਵਰਗੀ ਹੈ ਅਤੇ ਇਹ ਸਾਡੇ ਉੱਪਰ ਨਿਰਭਰ ਕਰਦਾ ਹੈ ਕਿ ਅਸੀਂ ਇਨ੍ਹਾਂ ਪੱਤਿਆਂ ਨਾਲ ਕਿਹੜੀ ਖੇਡ ਖੇਡਣੀ ਹੈ। ਉਨ੍ਹਾਂ ਕਿਹਾ ਕਿ ਕੁਦਰਤ ਵੱਲੋਂ ਮਿਲੀ ਇਸ ਜ਼ਿੰਦਗੀ ਨੂੰ ਸ਼ਿਕਾਇਤਾਂ ਅਤੇ ਨਿਰਾਸ਼ਾ ਵਿੱਚ ਗੁਆਉਣ ਦੀ ਬਜਾਏ ਇਸ ਦਾ ਆਨੰਦ ਮਾਣਨਾ ਅਤੇ ਇਸ ਨੂੰ ਦੂਜਿਆਂ ਲਈ ਲਾਭਦਾਇਕ ਬਣਾਉਣਾ ਚਾਹੀਦਾ ਹੈ।

ਆਪਣੀ ਪੇਂਡੂ ਅਤੇ ਖੇਤੀਬਾੜੀ ਪਿਛੋਕੜ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਿੱਖਿਆ ਅਤੇ ਜੀਵਨ ਦਾ ਮੁੱਢਲਾ ਤਜਰਬਾ ਖੇਤੀ ਨਾਲ ਜੁੜਿਆ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਉਹ ਜਿਸ ਮੁਕਾਮ 'ਤੇ ਹਨ, ਉਸ ਵਿੱਚ ਕਿਸੇ ਕਿਸਮ ਦੀ ਚਲਾਕੀ ਨਾਲੋਂ ਮਿਹਨਤ, ਪਰਿਵਾਰ, ਭਾਈਚਾਰੇ ਅਤੇ ਲੋਕਾਂ ਤੋਂ ਮਿਲੇ ਪਿਆਰ ਤੇ ਸਿੱਖਿਆ ਦਾ ਵੱਡਾ ਹਿੱਸਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਅੰਦਰ ਪੈਦਾ ਹੋਏ ਗਿਆਨ ਅਤੇ ਸਮਰੱਥਾ ਨੂੰ ਸਿਰਫ਼ ਆਪਣੇ ਤੱਕ ਸੀਮਤ ਨਾ ਰੱਖਣ, ਸਗੋਂ ਸਮਾਜ ਦੀ ਬਿਹਤਰੀ ਲਈ ਵਰਤਣ।

ਉਨ੍ਹਾਂ ਕਿਹਾ ਕਿ ਬਸੰਤ ਮੋਟਰਜ਼ ਵੱਲੋਂ ਹਰ ਸਾਲ ਸਕਾਲਰਸ਼ਿਪ ਦੇਣ ਦਾ ਮਕਸਦ ਸਿਰਫ਼ ਵਿੱਤੀ ਮਦਦ ਕਰਨਾ ਨਹੀਂ, ਸਗੋਂ ਨੌਜਵਾਨਾਂ ਨੂੰ ਉਚੇਰੀ ਸਿੱਖਿਆ ਪ੍ਰਾਪਤ ਕਰਨ ਲਈ ਹੌਂਸਲਾ ਦੇਣਾ ਅਤੇ ਉਨ੍ਹਾਂ ਨੂੰ ਆਪਣੇ ਭਵਿੱਖ ਦੀ ਉਸਾਰੀ ਲਈ ਅੱਗੇ ਵਧਣ ਦਾ ਮੌਕਾ ਦੇਣਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੌਜਵਾਨ ਦੀ ਸਿੱਖਿਆ ਵਿੱਚ ਥੋੜ੍ਹੀ ਜਿਹੀ ਮਦਦ ਵੀ ਉਸ ਨੂੰ ਆਪਣੇ ਸੁਪਨੇ ਪੂਰੇ ਕਰਨ ਵੱਲ ਇੱਕ ਕਦਮ ਅੱਗੇ ਲੈ ਜਾਂਦੀ ਹੈ ਤਾਂ ਇਹ ਸਮਾਜ ਲਈ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 146 ਵਿਦਿਆਰਥੀਆਂ ਨੂੰ ਕੁੱਲ 3 ਲੱਖ 60 ਹਜ਼ਾਰ ਡਾਲਰ ਦੇ ਸਕਾਲਰਸ਼ਿਪ ਦਿੱਤੇ ਜਾ ਚੁੱਕੇ ਹਨ ਅਤੇ ਨੌਜਵਾਨਾਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੀ ਇਹ ਪਰੰਪਰਾ ਅੱਗੇ ਵੀ ਜਾਰੀ ਰਹੇਗੀ।

## ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2026 ਦੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਦਾ ਐਲਾਨ

### ਵੱਖ ਵੱਖ ਵੰਨਗੀਆਂ ਦੀਆਂ 10 ਸਰਵੋਤਮ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣਗੇ ਪੁਰਸਕਾਰ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 09 ਅਕਤੂਬਰ : ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ, ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਭਾਸ਼ਾ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਦੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ (2026) ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ, ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2026 ਦੇ ਪਹਿਲੇ ਹਫ਼ਤੇ ਪੰਜਾਬੀ ਮਾਹ ਦੇ ਰਾਜ ਪੱਧਰੀ ਉਦਘਾਟਨੀ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ (2025) ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ। ਇਸ ਪੁਰਸਕਾਰ 'ਚ ਇਨਾਮੀ ਰਾਸ਼ੀ 31,000/- ਦੇ ਨਾਲ-ਨਾਲ ਇਕ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਇਹ ਪੁਰਸਕਾਰ ਸਾਲ 2025 'ਚ ਛਪੀਆਂ ਪੰਜਾਬੀ ਭਾਸ਼ਾ ਦੀਆਂ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਪੰਜਾਬੀ ਪੁਸਤਕਾਂ ਨੂੰ ਦਿੱਤੇ ਜਾਣਗੇ। ਇਨ੍ਹਾਂ ਪੁਰਸਕਾਰਾਂ ਲਈ ਵੱਖ-ਵੱਖ ਵਿਧਾਵਾਂ ਦੀਆਂ 282 ਕਿਤਾਬਾਂ ਪ੍ਰਾਪਤ ਹੋਈਆਂ ਸਨ।

ਐਲਾਨੇ ਗਏ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ/ਸਵੈ-ਜੀਵਨੀ/ਯਾਦਾਂ/ਰੇਖਾ ਚਿੱਤਰ) ਡਾ. ਰਣਜੀਤ ਸਿੰਘ ਦੀ ਪੁਸਤਕ 'ਕੋਈ ਨਾਉ ਨਾ ਜਾਣੈ ਮੇਰਾ (ਆਪ ਬੀਤੀਆਂ)' ਨੂੰ, ਨਾਨਕ ਸਿੰਘ ਪੁਰਸਕਾਰ (ਨਾਵਲ) ਜਸਪਾਲ ਮਾਨਖੇੜਾ ਦੀ ਪੁਸਤਕ 'ਹਵੇਲੀਆਲ਼ਾ' ਨੂੰ, ਪ੍ਰਿੰ. ਸੁਜਾਨ ਸਿੰਘ ਪੁਰਸਕਾਰ (ਕਹਾਣੀ/ਮਿੰਨੀ ਕਹਾਣੀ ਸੰਗ੍ਰਹਿ) ਭੁਪਿੰਦਰ ਸਿੰਘ ਮਾਨ ਦੀ ਪੁਸਤਕ 'ਲਾਲ ਰੱਤਾ' ਨੂੰ, ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ/ਸਫ਼ਰਨਾਮਾ/ਵਿਅੰਗ) ਅਜੈ ਤਨਵੀਰ ਦੀ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਨੂੰ, ਗਿਆਨੀ ਗੁਰਮੁਖ ਸਿੰਘ ਮੁਸਾਫਿਰ ਪੁਰਸਕਾਰ (ਕਵਿਤਾ) ਡਾ. ਨਵਦੀਪ ਕੌਰ ਦੀ ਪੁਸਤਕ 'ਅਹਿਲਿਆ' ਨੂੰ, ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ/ਇਕਾਂਗੀ) ਕੁਲਬੀਰ ਮਲਿਕ ਦੀ ਪੁਸਤਕ 'ਡਾਕ ਨਿੱਤ ਆਵੇਗੀ...' ਨੂੰ, ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ) ਜੰਗ ਬਹਾਦੁਰ ਗੋਇਲ ਦੀ ਪੁਸਤਕ 'ਜੰਗਲ ਤੋਂ ਪਾਰ (ਸੀਤਾ ਰਤਨਾਮਲ)' ਨੂੰ, ਐੱਮ.ਐੱਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ/ਸੰਪਾਦਨ) ਪ੍ਰਿੰ. ਲਵਲੀ ਸ. ਪੰਨੂ ਦੀ ਪੁਸਤਕ 'ਪੁਆਧੀ ਲੋਕ-ਕਾਵਿ (ਟੱਪੇ ਅਤੇ ਜੱਕੜੀਆਂ)' ਨੂੰ, ਸ੍ਰੀ ਗੁਰੂ ਹਰਿਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ) ਹਰੀ ਕ੍ਰਿਸ਼ਨ ਮਾਇਰ ਦੀ ਪੁਸਤਕ 'ਪਲਾਸਟਿਕ ਦਾ ਡੱਡੂ' ਨੂੰ ਅਤੇ ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ/ਖੋਜ) ਡਾ. ਧਰਮ ਸਿੰਘ ਦੀ ਪੁਸਤਕ 'ਪ੍ਰਗਟ ਭਏ ਗੁਰ ਤੇਗ ਬਹਾਦਰ' ਨੂੰ ਪ੍ਰਦਾਨ ਕੀਤੇ ਜਾਣਗੇ।

ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਵਿਭਾਗ ਵੱਲੋਂ ਹਰ ਸਾਲ ਦਿੱਤੇ ਜਾਣ ਵਾਲੇ ਵੱਖ-ਵੱਖ ਭਾਸ਼ਾਵਾਂ ਦੇ ਸਰਵੋਤਮ ਪੁਸਤਕ ਪੁਰਸਕਾਰ ਪੰਜਾਬੀ ਮਾਹ ਦੇ ਸਮਾਗਮਾਂ ਦੌਰਾਨ ਪ੍ਰਦਾਨ ਕਰ ਦਿੱਤੇ ਜਾਣਗੇ। ਬਾਕੀ ਰਹਿੰਦੇ ਹਿੰਦੀ, ਉਰਦੂ ਅਤੇ ਸੰਸਕ੍ਰਿਤ ਦੇ ਪੁਰਸਕਾਰਾਂ ਦਾ ਐਲਾਨ ਜਲਦ ਹੀ ਕਰ ਦਿੱਤਾ ਜਾਵੇਗਾ। ਉਨ੍ਹਾਂ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

ਤਸਵੀਰ: ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ ਜੇਤੂ ਪੁਸਤਕਾਂ ਦੇ ਸਰਵਰਕ

## ਸੱਜਰੀ ਸਵੇਰ ਮੁਬਾਰਕ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਓਹੀ ਮਨ ਤੇ ਭਾਰ ਪਿਆ ਹੈ , ਜੋ ਕੁਝ ਮਾਣਿਆ ਰੂਹ ਤੋਂ ਚੋਰੀ।
ਲਟਕ ਰਿਹਾਂ ਅਧਵਾਟੇ ਤਾਂਹੀਓਂ,
ਖਿਸਕ ਗਈ ਵਿਸ਼ਵਾਸ ਦੀ ਡੋਰੀ।

ਲੱਗਦਾ ਸੀ ਮੈਂ ਗਾਗਰ ਅੰਦਰ ਸਾਗਰ ਭਰਨਾ ਜਾਣ ਲਿਆ ਹੈ,
ਭੁੱਲ ਗਿਆ, ਬੰਦ ਕਰਨੀ ਮੈਂ ਤਾਂ,
ਹੱਥ ਵਿਚਲੀ ਗੜਵੀ ਦੀ ਮੋਰੀ।

ਮਾਰੂਥਲ ਵਿੱਚ ਮਨ-ਹਿਰਨੋਟਾ, ਲੱਭਦਾ ਫਿਰਿਆ ਗੰਧ ਕਸਤੂਰੀ,
ਪੱਲੇ ਪੈ ਗਈ ਖੋਟੀ ਮਾਇਆ, ਦਿਲ ਦੀ ਕਾਲ਼ੀ,ਰੰਗ ਦੀ ਗੋਰੀ।

ਦੱਸ ਹੁਣ ਕਿੱਸਰਾਂ ਬਾਤ ਮੁਕਾਵਾਂ,ਤੂੰ ਹੀ ਤਾਂ ਉਲ਼ਝਾਈ ਤਾਣੀ,
ਮੈਂ ਤਾਂ ਸਿਰਫ਼ ਹੁੰਗਾਰਾ ਭਰਿਆ ਆਪੇ ਹੀ ਤੂੰ ਗੱਲ ਸੀ ਤੋਰੀ।

ਰਾਤ ਦਿਵਸ ਦੇ ਗੇੜੇ ਖਾਧੇ,ਹੁਣ ਤਾਂ ਹੱਥ ਵਿੱਚ ਤੁੱਕਾ ਬਚਿਆ,
ਦਾਣਾ ਦਾਣਾ ਲਾਹਿਆ,ਚਿੱਥਿਆ, ਆਪਣੇ ਹੱਥੀਂ ਛੱਲੀ ਭੋਰੀ।

ਮੋਮੀ ਕਾਗ਼ਜ਼ ਤੋਂ ਮਿਟ ਚੱਲਿਆ , ਅੱਜ ਤੀਕਰ ਜੋ ਲਿਖਿਆ ਪੜ੍ਹਿਆ,
ਲੇਖਾ ਕਰਿਆਂ ਸਮਝ ਪਈ ਹੈ,
ਰਹਿ ਗਈ ਰੂਹ ਕੋਰੀ ਦੀ ਕੋਰੀ।

ਕਾਹਲੀ ਅੰਦਰ ਯਾਦ ਰਿਹਾ ਨਾ, ਰਾਹ ਦੀ ਤਿਲਕਣ ਲੈ ਬੈਠੇਗੀ,
ਰੇਤੇ ਉੱਪਰ ਡੁੱਲ੍ਹ ਗਈ ਮੈਥੋਂ,ਭਰੀ ਭਰਾਈ ਖੰਡ ਦੀ ਬੋਰੀ।

## ਆਪਣੀ ਆਮਦਨ ਵਧਾਉਣ ਲਈ ਕਿਸਾਨ ਖੇਤੀ ਮਾਹਿਰਾਂ ਦੀ ਰਾਏ ਅਨੁਸਾਰ ਫਸਲੀ ਵਿਭਿੰਨਤਾ ਤੇ ਸਹਾਇਕ ਧੰਦੇ ਅਪਣਾਉਣ- ਚੇਤਨ ਸਿੰਘ ਜੌੜਾਮਾਜਰਾ

### ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ‘ਚ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 30 ਕਿਸਾਨਾਂ ਨੂੰ ਸਨਮਾਨਿਤ ਕੀਤਾ

### ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਲਗਾਤਾਰ ਘਟੀਆਂ -ਏਡੀਸੀ ਮਾਨ

### ਖੇਤੀਬਾੜੀ ਵਿਭਾਗ ਪਟਿਆਲਾ ਵੱਲੋਂ ਹਾੜੀ ਦੀਆਂ ਫ਼ਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ

### ਕਿਸਾਨ ਸਿਖਲਾਈ ਕੈਂਪ ‘ਚ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਬਜਾਏ ਜਮੀਨ ‘ਚ ਮਿਲਾਉਣ ਤੇ ਹੋਰ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 9 ਅਕਤੂਬਰ : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਟਿਆਲਾ ਨੇ ਕੇ.ਐਸ. ਫਾਰਮ ਹਾਊਸ, ਡਕਾਲਾ ਵਿਖੇ ਹਾੜੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ। ਇਸ ਦੌਰਾਨ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 30 ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕੈਂਪ ਦਾ ਉਦਘਾਟਨ ਕਰਦੇ ਹੋਏ ਕਿਸਾਨਾਂ ਨੂੰ ਆਪਣੀ ਖੇਤੀ ਆਮਦਨ ਵਧਾਉਣ ਲਈ ਸਲਾਹ ਦਿੱਤੀ ਕਿ ਉਹ ਖੇਤੀਬਾੜੀ ਮਾਹਿਰਾਂ ਦੀ ਰਾਏ ਅਨੁਸਾਰ ਫ਼ਸਲਾਂ ਦੀ ਦੇਖ-ਰੇਖ ਕਰਨ, ਸਹਾਇਕ ਧੰਦੇ ਅਪਣਾਉਣ ਅਤੇ ਫਸਲੀ ਵਿਭਿੰਨਤਾ ਹੇਠ ਰਕਬਾ ਵਧਾਉਣ। ਵਿਧਾਇਕ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਦੀ ਅਗਵਾਈ ਹੇਠ ਲੱਗੇ ਇਸ ਕਿਸਾਨ ਮੇਲੇ ਵਿੱਚ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

ਇਸ ਕੈਂਪ ਦੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਆਉਣ ਵਾਲੇ ਸਾਲਾਂ ਵਿਚ ਵੀ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ।

ਏਡੀਸੀ ਮਾਨ ਨੇ ਦੱਸਿਆ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਲਗਾਤਾਰ ਘਟ ਰਹੀਆਂ ਹਨ ਅਤੇ ਆਉਣ ਵਾਲੇ ਸਾਲਾਂ ਵਿਚ ਵੱਧ ਤੋਂ ਵੱਧ ਪਰਾਲੀ ਪ੍ਰਬੰਧਨ ਸਬੰਧੀ ਖੇਤੀ ਮਸ਼ੀਨਰੀ ਕੋਆਪ੍ਰੇਟਿਵ ਸੋਸਾਇਟੀਆਂ, ਗਰੁੱਪਾਂ, ਐਫ.ਪੀ.ਓ. ਅਤੇ ਵਿਅਕਤੀਗਤ ਕਿਸਾਨਾਂ ਰਾਹੀਂ ਉਪਲੱਬਧ ਕਰਵਾਉਣ ਲਈ ਹੋਰ ਵਧੀਆ ਉਪਰਾਲੇ ਖੇਤੀਬਾੜੀ ਵਿਭਾਗ ਵੱਲੋਂ ਕੀਤੇ ਜਾਣਗੇ।




ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਨੇ ਸਮੂਹ ਕਿਸਾਨਾਂ ਨੂੰ ਫਾਰਮਰ ਆਈ.ਡੀ. ਬਣਾਉਣ, ਖੇਤੀਬਾੜੀ ਇਨਪੁਟਸ ਦੇ ਡੀਲਰਾਂ ਤੋਂ ਬਿੱਲ ਲੈਣ ਅਤੇ ਪਾਣੀ ਦੀ ਬੱਚਤ ਸਬੰਧੀ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਦੇ ਵਿਸ਼ੇਸ਼ ਮਹਿਮਾਨ ਸੰਯੁਕਤ ਡਾਇਰੈਕਟਰ ਖੇਤੀਬਾੜੀ (ਘਣੀ ਖੇਤੀ) ਡਾ. ਜੰਗੀਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਿਭਾਗ ਵੱਲੋਂ ਪਿੰਡ ਪੱਧਰੀ, ਬਲਾਕ ਪੱਧਰੀ ਅਤੇ ਜਿਲ੍ਹਾ ਪੱਧਰੀ ਕੈਂਪਾਂ ਵਿਚ ਭਾਗ ਲੈ ਕੇ ਨਵੀਨਤਮ ਖੇਤੀ ਸਬੰਧੀ ਜਾਣਕਾਰੀ ਪ੍ਰਾਪਤ ਕਰਨ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਹਾਜਰ ਕਿਸਾਨਾਂ ਨਾਲ ਸਾਂਝੀ ਕੀਤੀ।

ਇਸ ਕੈਂਪ ਵਿੱਚ ਖੇਤੀਬਾੜੀ, ਪਸ਼ੂ ਪਾਲਣ, ਡੇਅਰੀ, ਮੱਛੀ ਪਾਲਣ, ਬਾਗਬਾਨੀ ਅਤੇ ਭੂਮੀ ਅਤੇ ਜਲ ਸੰਭਾਲ ਵਿਭਾਗ ਸਮੇਤ ਪ੍ਰਾਈਵੇਟ ਕੰਪਨੀਆਂ ਅਤੇ ਅਗਾਂਹਵਧੂ ਕਿਸਾਨਾਂ ਨੇ ਆਪਣੇ ਕੰਮ ਨਾਲ ਸਬੰਧਿਤ ਪ੍ਰਦਰਸ਼ਨੀ ਲਗਾਈ ਜਿਸ ਦਾ ਹਾਜਰ ਕਿਸਾਨਾਂ ਨੇ ਲਾਹਾ ਲਿਆ। ਕੈਂਪ ਦੌਰਾਨ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ, ਫਸਲੀ ਵਿਭਿੰਨਤਾ, ਫ਼ਸਲਾਂ ਦੀ ਰਹਿੰਦ ਖੂੰਹਦ ਦੀ ਸੁੱਚਜੀ ਵਰਤੋ ਕਰਨ ਸਬੰਧੀ ਕੇਵੀਕੇ ਰੌਣੀ ਅਤੇ ਫਾਰਮਰ ਸਲਾਹਕਾਰ ਕੇਂਦਰ ਦੇ ਸਾਇੰਸਦਾਨ ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਭੀਖੀ, ਡਾ. ਰਜਨੀ ਗੋਇਲ, ਡਾ. ਗੁਰਪ੍ਰੀਤ ਸਿੰਘ ਅਤੇ ਡਾ. ਗੁਰਪ੍ਰੀਤ ਕੌਰ ਨੇ ਤਕਨੀਕੀ ਜਾਣਕਾਰੀ ਦਿੱਤੀ।

ਇਸ ਕੈਂਪ ਵਿਚ ਲਗਭਗ 1000 ਕਿਸਾਨਾਂ ਵੱਲੋਂ ਭਾਗ ਲਿਆ ਤੇ ਬਲਾਕ ਖੇਤੀਬਾੜੀ ਅਫ਼ਸਰ ਭੁਨਰਹੇੜੀ ਡਾ. ਮਨਦੀਪ ਸਿੰਘ ਅਤੇ ਸਮੂਹ ਸਟਾਫ ਨੇ ਹਾਜਰ ਕਿਸਾਨਾਂ, ਖੇਤੀਬਾੜੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ-ਕਰਮਚਾਰੀਆਂ ਦਾ ਧੰਨਵਾਦ ਕੀਤਾ।

## ਨਵੀ ਸਿੱਖਿਆ ਨੀਤੀ ਦੇ ਸੰਦਰਭ ਵਿੱਚ ਵਿਚਾਰ ਚਰਚਾ

ਵਰਲਡ ਪੰਜਾਬੀ ਟਾਈਮਜ਼
ਗੁਰਨਾਮ ਸਿੰਘ



ਸੰਗਰੂਰ 9 ਅਕਤੂਬਰ : ਮਾਲਵਾ ਰਿਸਰਚ ਸੈਂਟਰ ਪਟਿਆਲਾ ਤੇ ਪੰਜਾਬੀ ਸਹਿਤ ਸਭਾ ਸੰਗਰੂਰ (ਰਜਿ) ਵੱਲੋ ਸਮਾਜਿਕ, ਸਾਹਿਤਕ, ਸੱਭਿਆਚਾਰਕ, ਭਾਸ਼ਾਈ ਅਤੇ ਨਵੀ ਸਿੱਖਿਆ ਨੀਤੀ ਦੇ ਸੰਦਰਭ ਵਿੱਚ ਇੱਕ ਵਿਸ਼ੇਸ਼ ਵਿਚਾਰ ਚਰਚਾ ਦਾ ਆਯੋਜਨ ਸਰਦਾਰ ਪ੍ਰੀਤਮ ਸਿੰਘ ਜੋਹਲ ਏ.ਡੀ.ਸੀ (ਰਿਟਾ) ਦੀ ਪ੍ਰਧਾਨਗੀ ਹੇਠ ਹੋਇਆ । ਇਸ ਚਰਚਾ ਵਿੱਚ ਗੁਰਨਾਮ ਸਿੰਘ ਨੇ ਅਜੋਕੀਆਂ ਸਮਾਜਿਕ ਵਿਸੰਗਤੀਆਂ ਬਾਰੇ ਰੋਸ਼ਨੀ ਪਾਈ । ਜਗਦੀਪ ਸਿੰਘ ਗੰਧਾਰਾ ਐਡਵੋਕੇਟ ਨੇ ਪੰਜਾਬ ਰਾਜ ਭਾਸਾ ਐਕਟ, 2008 ਨੂੰ ਅਦਾਲਤਾ ਵਿੱਚ ਲਾਗੂ ਕਰਨ ਦੀ ਮੰਗ ਕੀਤੀ । ਸ੍ਰੀ ਦੇਵੀ ਲਾਲ ਐਡਵੋਕੇਟ ਨੇ ਕਾਨੂੰਨੀ ਸਬਦਾਵਲੀਆਂ ਬਾਰੇ ਸਾਰਥਿਕ ਸੁਝਾਅ ਦਿੱਤੇ । ਡਾ ਭਗਵੰਤ ਸਿੰਘ ਨੇ ਅਕਾਦਮਿਕ ਖੇਤਰ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਬਾਰੇ ਦੱਸਿਆ । ਉਹਨਾਂ ਨੇ ਨਵੀ ਸਿੱਖਿਆ ਨੀਤੀ ਦੇ ਸੰਦਰਭ ਵਿੱਚ ਪੰਜਾਬੀ ਰਾਜ ਭਾਸ਼ਾ ਐਕਟ 2008 ਦੀ ਸਹੀ ਢੰਗ ਨਾਲ ਪਾਲਣਾ ਕਰਨ ਤੇ ਜੋਰ ਦਿੱਤਾ । ਡਾ ਅਮਨਦੀਪ ਕੌਰ ਪ੍ਰਿੰਸੀਪਲ/ ਡਾਇਰੈਕਟਰ ਕੈਂਪਸ਼ ਸਿੱਧਵਾਂ ਖੁਰਦ ਨੇ ਪੰਜਾਬੀ ਭਾਸ਼ਾ ਦੀ ਤਰੱਕੀ ਲਈ ਵਿਸ਼ੇਸ਼ ਯੋਜਨਾਵਾਂ ਉਲੀਕਣ ਤੇ ਜ਼ੋਰ ਦਿੱਤਾ । ਡਾ ਸਵੈਤਾ ਪ੍ਰਿੰਸੀਪਲ, ਲਾਅ ਕਾਲਜ ਸਿੱਧਵਾਂ ਖੁਰਦ ਨੇ ਕਾਨੂੰਨ ਦੀ ਪੜ੍ਹਾਈ ਤੇ ਅਦਾਲਤੀ ਕਾਰਵਾਈ ਪੰਜਾਬੀ ਵਿੱਚ ਕਰਵਾਉਣ ਤੇ ਜ਼ੋਰ ਦਿੱਤਾ । ਸਰਦਾਰ ਪ੍ਰੀਤਮ ਸਿੰਘ ਜੋਹਲ ਏ.ਡੀ.ਸੀ (ਰਿਟਾ) ਨੇ ਬਦਲਦੀਆਂ ਪ੍ਰਸਤਸਥਿਤੀਆਂ ਦੇ ਸੰਦਰਭ ਚ ਪੰਜਾਬ ਦੇ ਸਮਾਜਿਕ, ਆਰਥਿਕ, ਰਾਜਨੀਤਕ, ਸੱਭਿਆਚਾਰਕ ਅਤੇ ਭਾਸ਼ਾਈ ਪ੍ਰਗਤੀ ਲਈ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਯੋਜਨਾਵਾਂ ਤਿਆਰ ਕਰਨ ਲਈ ਮਾਲਵਾ ਰਿਸਰਚ ਸੈਂਟਰ ਦੇ ਸਹਿਯੋਗ ਲਈ ਧੰਨਵਾਦ ਕੀਤਾ । ਇਸ ਚਰਚਾ ਵਿੱਚ ਡਾ ਰਾਜੀਵ ਪੁਰੀ, ਕਾਮਰੇਡ ਬਸ਼ੇਸ਼ਰ ਰਾਮ, ਦੀਪਕ ਸ਼ਰਮਾ ਐਡਵੋਕੇਟ, ਹਰਵਿੰਦਰ ਸਿੰਘ, ਕਲਵੰਤ ਸਿੰਘ, ਅਵਤਾਰ ਸਿੰਘ, ਜਸਪਾਲ ਸਿੰਘ, ਡਾ ਦਵਿੰਦਰ ਕੌਰ ਐਡਵੋਕੇਟ, ਏ.ਪੀ. ਸਿੰਘ ਆਦਿ ਅਨੇਕਾ ਚਿੰਤਕ ਹਾਜਰ ਸਨ । ਬਾਹਰੋ ਆਏ ਪ੍ਰਿੰਸੀਪਲ ਸਾਹਿਬਾਨ ਤੇ ਹੋਰ ਮਹਿਮਾਨਾ ਨੂੰ ਵੰਡਨਾਮਾ, ਜਮੀਨੀ ਨਿਸ਼ਾਨਦੇਹੀ ਤੇ ਅਕਾਲੀ ਫੂਲਾ ਸਿੰਘ ਤੇ ਤਿੱਲ਼ਫੁੱਲ ਆਦਿ ਕਿਤਾਬਾ ਅਤੇ ਫੁੱਲਾਂ ਦੇ ਗੁਲਦਸ਼ਤੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ।

## ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਵਿਹੜੇ ਤਰਕਸ਼ੀਲ ਸਮਾਗਮ

ਵਰਲਡ ਪੰਜਾਬੀ ਟਾਈਮਜ਼
ਮਾਸਟਰ ਪਰਮਵੇਦ



ਸੰਗਰੂਰ 9 ਅਕਤੂਬਰ : ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਸੰਗਰੂਰ ਵੱਲੋਂ ਲੋਕਾਂ ਅੰਦਰ ਵਿਗਿਆਨਕ ਚੇਤਨਾ ਵਿਕਸਿਤ ਹਿੱਤ ਚਲਾਈ ਮੁਹਿੰਮ ਦੀ ਲੜੀ ਤਹਿਤ ਅੱਜ ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਵਿਖੇ ਮਾਸਟਰ ਪਰਮਵੇਦ, ਅਮਰੀਕ ਖੋਖਰ ਤੇ ਸੀਤਾ ਰਾਮ ਬਾਲਦ ਕਲਾਂ ਆਧਾਰਿਤ ਤਰਕਸ਼ੀਲ ਟੀਮ ਵੱਲੋਂ ਤਰਕਸ਼ੀਲ ਸਮਾਗਮ ਪੇਸ਼ ਕੀਤਾ ਗਿਆ।

ਇਸ ਸਮੇਂ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬੀ ਐਸ ਢਿੱਲੋਂ ,ਸਰਪ੍ਰਸਤ ਜਗਦੀਸ਼ ਰਾਏ ਤੇ ਪ੍ਰਧਾਨ ਸੁਰਿੰਦਰ ਬਾਲੀਆਂ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਉਹਨਾਂ ਦੀ ਜਾਣ ਪਛਾਣ ਕਰਵਾਈ ਤੇ ਦਫਤਰ ਵਿੱਚ ਆਉਣ ਦੇ ਮਕਸਦ ਬਾਰੇ ਦੱਸਿਆ ਤੇ ਹਾਜ਼ਰੀਨ ਨੂੰ ਵਿਗਿਆਨਕ ਸੋਚ ਅਪਨਾਉਣ ਦਾ ਸੱਦਾ ਦਿੱਤਾ।ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਪਰਮਵੇਦ ਤੇ ਸੀਤਾ ਰਾਮ ਨੇ ਆਪਣੇ ਸੰਬੋਧਨ ਵਿੱਚ ਹਾਜ਼ਰੀਨ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ, ਲਾਈਲਗਤਾ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਆਪਣਾ ਸੋਚਣ-ਢੰਗ ਵਿਗਿਆਨਕ ਬਣਾਉਣ ਦਾ ਸੁਨੇਹਾ ਦਿੱਤਾ। ਉਹਨਾਂ ਕਿਹਾ ਕਿ ਨੈਤਿਕ ਕਦਰਾਂ ਕੀਮਤਾਂ ਦੇ ਗੁਣ, ਸੱਚ, ਇਮਾਨਦਾਰੀ ਤੇ ਮਿਹਨਤ ਨਾਲ, ਵਿਗਿਆਨਕ ਜਾਗਰੂਕਤਾ ਵਾਲੇ ਗੁਣ ਅਪਣਾ ਕੇ ਆਪਣੀ ਸ਼ਖਸ਼ੀਅਤ ਨੂੰ ਵਿਕਸਤ ਕਰਨਾ ਤੇ ਜਿਊਂਣ ਢੰਗ ਅਪਨਾਉਣਾ ਚਾਹੀਦਾ ਹੈ।

ਮਾਸਟਰ ਪਰਮਵੇਦ ਨੇ ਕਿਸੇ ਗੱਲ ਨੂੰ ਮੰਨਣ ਤੋਂ ਪਹਿਲਾਂ ਉਸਨੂੰ ਪਰਖਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਤਰਕਸ਼ੀਲ ਸੁਸਾਇਟੀ ਲੋਕਾਂ ਅੰਦਰ ਵਿਗਿਆਨਕ ਸੋਚ ਤੇ ਭਾਈਚਾਰਕ ਸਾਂਝ ਦੇ ਪਸਾਰੇ ਨਾਲ ਉਹਨਾਂ ਦੇ ਦਿਲ ਦਿਮਾਗ ਨੂੰ ਰੁਸ਼ਨਾਉਣਾ ਚਾਹੁੰਦੀ ਹੈ।ਇਸ ਮੌਕੇ ਮਾਸਟਰ ਪਰਮਵੇਦ ਨੇ ਤਰਕਸ਼ੀਲਾਂ ਵੱਲੋਂ ਰਹੱਸਮਈ ਘਟਨਾਵਾਂ ਦੇ ਕੁੱਝ ਹਲ ਕੀਤੇ ਕੇਸਾਂ ,ਜਿਨ੍ਹਾਂ ਨੂੰ ਲੋਕ ਭੂਤਾਂ – ਪ੍ਰੇਤਾਂ ਦੀ ਕਾਰਵਾਈ ਸਮਝਦੇ ਹਨ, ਦੀ ਵਿਆਖਿਆ ਕਰਦੇ ਹੋਏ, ਦੱਸਿਆ ਕਿ ਇਨ੍ਹਾਂ ਵਿਚ ਮਨੁੱਖੀ ਹੱਥ ਹੁੰਦਾ ਹੈ।ਭੂਤ ਪ੍ਰੇਤ ਸਭ ਮਨੋਕਲਪਤ ਹਨ,ਭੂਤ ਪ੍ਰੇਤ ਦੇ ਭਰਮ ਜਾਲ ਵਿੱਚ ਪਾ ਕੇ ਅਖੌਤੀ ਸਿਆਣੇ ਪਰਿਵਾਰ ਦੀ ਆਰਥਿਕ, ਮਾਨਸਿਕ ਤੇ ਕਈ ਵਾਰ ਸਰੀਰਕ ਲੁੱਟ ਵੀ ਕਰਦੇ ਹਨ। ਉਨ੍ਹਾਂ ਕਿਹਾ ਕਿ ਇਥੇ ਚਮਤਕਾਰ ਨਹੀਂ,ਘਟਨਾਵਾਂ ਵਾਪਰਦੀਆਂ ਹਨ ਜਿਨ੍ਹਾਂ ਦੇ ਕਾਰਨ ਜਾਣਨਾ ਹੀ ਵਿਗਿਆਨਕ ਸੋਚ, ਤਰਕਸ਼ੀਲ ਸੋਚ ਹੈ। ਬੀ ਐਸ ਢਿੱਲੋਂ ਨੇ ਸਟੇਜ ਸੰਚਾਲਨ ਬਾਖੂਬੀ ਕੀਤਾ। ਬਿੱਕਰ ਸਿੰਘ ਸੀਬੀਆ ਨੇ ਪੈਨਸ਼ਨਰਜ਼ ਦੇ ਵਿਹੜੇ ਆ ਕੇ ਵਿਗਿਆਨਕ ਸੋਚ ਦਾ ਛੱਟਾ ਦੇਣ ਤੇ ਕਈ ਵਹਿਮ ਭਰਮ ਦੂਰ ਕਰਨ ਲਈ ਤਰਕਸ਼ੀਲ ਟੀਮ ਦਾ ਧੰਨਵਾਦ ਕੀਤਾ ਤੇ ਸਰੋਤਿਆਂ ਨੂੰ ਆਪਣਾ ਦ੍ਰਿਸ਼ਟੀਕੋਣ ਵਿਗਿਆਨਕ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਹਾਦਰ ਸਿੰਘ ਰਾਓ,ਜੈ ਸਿੰਘ,ਪਵਨ ਕੁਮਾਰ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਮਿਸ਼ਨ ‘ਕਲੀਨ ਐਂਡ ਗ੍ਰੀਨ ਪਟਿਆਲਾ’ ਤਹਿਤ ਸਿਹਤ ਮੰਤਰੀ ਨੇ ਖ਼ੁਦ ਸਫ਼ਾਈ ਕਰਕੇ ਲੋਕਾਂ ਨੂੰ ਕੀਤਾ ਜਾਗਰੂਕ

### ਸ਼ਹਿਰ ਵਾਸੀਆਂ ਨੂੰ ਸਫ਼ਾਈ ਰੱਖਣ ਅਤੇ ਵਾਤਾਵਰਨ ਦੀ ਸੰਭਾਲ ਲਈ ਅੱਗੇ ਆਉਣ ਦੀ ਅਪੀਲ- ਡਾ. ਬਲਬੀਰ ਸਿੰਘ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 9 ਅਕਤੂਬਰ:ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅੱਜ ਪਟਿਆਲਾ ਸ਼ਹਿਰ ਨੂੰ ਸਾਫ਼-ਸੁਥਰਾ, ਹਰਾ-ਭਰਾ ਅਤੇ ਵਾਤਾਵਰਨ ਪੱਖੋਂ ਬਿਹਤਰ ਬਣਾਉਣ ਦੇ ਉਦੇਸ਼ ਨਾਲ ‘ਕਲੀਨ ਐਂਡ ਗ੍ਰੀਨ ਪਟਿਆਲਾ’ ਦੇ ਬੈਨਰ ਹੇਠ ‘ਮਿਸ਼ਨ ਕਲੀਨ ਐਂਡ ਗ੍ਰੀਨ ਪਟਿਆਲਾ’ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦੀ ਸ਼ੁਰੂਆਤ ਬਿਸ਼ਨ ਨਗਰ ਵਿਖੇ ਕੀਤੀ ਗਈ, ਜਿੱਥੇ ਡਾ. ਬਲਬੀਰ ਸਿੰਘ ਨੇ ਖ਼ੁਦ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈਂਦਿਆਂ ਲੋਕਾਂ ਨੂੰ ਸਫ਼ਾਈ ਅਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ।

ਡਾ. ਬਲਬੀਰ ਸਿੰਘ ਨੇ ਸਫ਼ਾਈ ਮੁਹਿੰਮ ਦੌਰਾਨ ਖ਼ੁਦ ਸਫ਼ਾਈ ਕਰਕੇ ਲੋਕਾਂ ਨੂੰ ਇਹ ਸੰਦੇਸ਼ ਦਿੱਤਾ ਕਿ ਸਫ਼ਾਈ ਸਿਰਫ਼ ਸਰਕਾਰੀ ਵਿਭਾਗਾਂ ਜਾਂ ਸਫ਼ਾਈ ਕਰਮਚਾਰੀਆਂ ਦੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਹਰੇਕ ਨਾਗਰਿਕ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਲੋਕ ਆਪਣੇ ਘਰਾਂ ਦੇ ਨਾਲ-ਨਾਲ ਗਲੀਆਂ, ਸੜਕਾਂ, ਜਨਤਕ ਥਾਵਾਂ ਅਤੇ ਆਲੇ-ਦੁਆਲੇ ਦੀ ਸਫ਼ਾਈ ਨੂੰ ਆਪਣੀ ਜ਼ਿੰਮੇਵਾਰੀ ਸਮਝਣਗੇ ਤਾਂ ਹੀ ਸ਼ਹਿਰ ਨੂੰ ਅਸਲ ਮਾਇਨਿਆਂ ਵਿੱਚ ਸਾਫ਼-ਸੁਥਰਾ ਬਣਾਇਆ ਜਾ ਸਕੇਗਾ।

ਡਾ. ਬਲਬੀਰ ਸਿੰਘ ਨੇ ਇਸ ਮੁਹਿੰਮ ਵਿੱਚ ਪਹੁੰਚੇ ਸਕੂਲੀ ਬੱਚਿਆਂ ਨੂੰ ਕੱਪੜੇ ਦੇ ਬੈਗ ਵੀ ਵੰਡੇ। ਇਸ ਦੌਰਾਨ ਪਲਾਸਟਿਕ ਦੇ ਲਿਫ਼ਾਫਿਆਂ ਦੀ ਵਰਤੋਂ ਨੂੰ ਘਟਾਉਣ ਅਤੇ ਵਾਤਾਵਰਨ-ਪੱਖੀ ਕੱਪੜੇ ਦੇ ਬੈਗਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਸਕੂਲੀ ਬੱਚਿਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੇ ਘਰ, ਸਕੂਲ ਅਤੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਬੱਚੇ ਸਫ਼ਾਈ ਅਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਆਪਣੇ ਪਰਿਵਾਰਾਂ ਅਤੇ ਸਮਾਜ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਕੂੜਾ ਇੱਧਰ-ਉੱਧਰ ਨਾ ਸੁੱਟਣ ਅਤੇ ਆਪਣੇ ਸਾਥੀਆਂ ਨੂੰ ਵੀ ਸਫ਼ਾਈ ਪ੍ਰਤੀ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਅੱਜ ਦੇ ਬੱਚੇ ਹੀ ਕੱਲ੍ਹ ਦੇ ਪੰਜਾਬ ਦੇ ਨਿਰਮਾਤਾ ਹਨ ਅਤੇ ਉਨ੍ਹਾਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਸੜਕਾਂ ਜਾਂ ਜਨਤਕ ਥਾਵਾਂ ’ਤੇ ਨਾ ਸੁੱਟਣ ਅਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਦੀ ਆਦਤ ਪੈਦਾ ਕਰਨ। ਉਨ੍ਹਾਂ ਕਿਹਾ ਕਿ ਸਫ਼ਾਈ ਦੀ ਸ਼ੁਰੂਆਤ ਸਾਡੇ ਆਪਣੇ ਘਰ ਅਤੇ ਆਪਣੇ ਆਲੇ-ਦੁਆਲੇ ਤੋਂ ਹੁੰਦੀ ਹੈ ਅਤੇ ਹਰ ਵਿਅਕਤੀ ਦਾ ਛੋਟਾ ਜਿਹਾ ਯੋਗਦਾਨ ਵੀ ਸ਼ਹਿਰ ਦੀ ਸਫ਼ਾਈ ਵਿੱਚ ਵੱਡਾ ਬਦਲਾਅ ਲਿਆ ਸਕਦਾ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਪਟਿਆਲਾ ਨੂੰ ਸਾਫ਼ ਅਤੇ ਹਰਾ-ਭਰਾ ਬਣਾਉਣ ਲਈ ਸਰਕਾਰ, ਨਗਰ ਨਿਗਮ, ਸਮਾਜਿਕ ਸੰਸਥਾਵਾਂ, ਸਕੂਲਾਂ, ਵਿਦਿਆਰਥੀਆਂ ਅਤੇ ਸ਼ਹਿਰ ਵਾਸੀਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਸਿਰਫ਼ ਇੱਕ ਦਿਨ ਦੀ ਸਫ਼ਾਈ ਮੁਹਿੰਮ ਨਾਲ ਸ਼ਹਿਰ ਸਾਫ਼ ਨਹੀਂ ਰਹਿ ਸਕਦਾ, ਸਗੋਂ ਇਸ ਨੂੰ ਇੱਕ ਨਿਰੰਤਰ ਜਨ-ਅੰਦੋਲਨ ਬਣਾਉਣ ਦੀ ਲੋੜ ਹੈ।

ਇਸ ਸਫ਼ਾਈ ਮੁਹਿੰਮ ਵਿੱਚ ਮੇਅਰ ਕੁੰਦਨ ਗੋਗੀਆ, ਡਿਪਟੀ ਮੇਅਰ ਹਰਿੰਦਰ ਕੋਹਲੀ, ਨਗਰ ਨਿਗਮ ਕਮਿਸ਼ਨਰ ਪੂਜਾ ਸਿਆਲ, ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ, ਐਮ.ਸੀ. ਮੋਹਿਤ ਸ਼ਰਮਾ ਤੋਂ ਇਲਾਵਾ ਹੋਰ ਐਮ.ਸੀਜ਼, ਸਕੂਲੀ ਵਿਦਿਆਰਥੀ ਅਤੇ ਹੋਰ ਸਾਥੀ ਮੌਜੂਦ ਸਨ।